# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :01-01-2026**

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਨਵੇਂ ਸਾਲ 2026 ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਨੇ। ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਨਵਾਂ ਸਾਲ ਨਵੀਂ ਊਰਜਾ ਅਤੇ ਸਕਾਰਾਤਮਕ ਤਬਦੀਲੀ ਦਾ ਪ੍ਰਤੀਕ ਏ, ਅਤੇ ਸਵੈ-ਚਿੰਤਨ ਅਤੇ ਨਵੇਂ ਸੰਕਲਪਾਂ ਲਈ ਇੱਕ ਮੌਕੇ ਵਜੋਂ ਕੰਮ ਕਰਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਸਾਲ ਸਾਰਿਆਂ ਲਈ ਸ਼ਾਂਤੀ, ਚੰਗੀ ਸਿਹਤ, ਖੁਸ਼ੀ ਅਤੇ ਖੁਸ਼ਹਾਲੀ ਲਿਆਏਗਾ, ਅਤੇ ਇੱਕ ਮਜ਼ਬੂਤ ਅਤੇ ਵਿਕਸਤ ਭਾਰਤ ਬਣਾਉਣ ਲਈ ਉਨ੍ਹਾਂ ਦੇ ਸਮੂਹਿਕ ਸੰਕਲਪ ਨੂੰ ਮਜ਼ਬੂਤ ਕਰੇਗਾ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਸ ਪ੍ਰਗਟ ਕੀਤੀ ਕਿ ਇਹ

ਸਾਲ ਚੰਗੀ ਸਿਹਤ ਅਤੇ ਖੁਸ਼ਹਾਲੀ ਲਿਆਏਗਾ। ਉਨ੍ਹਾਂ ਸਮਾਜ ਵਿੱਚ ਸ਼ਾਂਤੀ ਅਤੇ ਖੁਸ਼ੀ ਲਈ ਪ੍ਰਾਰਥਨਾ ਕੀਤੀ। ਇਧਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕ ਸੋਸ਼ਲ ਮੀਡੀਆ ਪੋਸਟ ਰਾਹੀਂ ਲੋਕਾਂ ਨੂੰ ਨਵੇਂ ਵਰ੍ਹੇ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਆਉਣ ਵਾਲਾ ਸਾਲ ਸਾਰਿਆਂ ਲਈ ਖੁਸ਼ੀਆਂ ਅਤੇ ਕਾਮਯਾਬੀ ਭਰਿਆ ਹੋਵੇ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਕਾਮਨਾ ਕਰਦੇ ਹਾਂ ਕਿ ਪਰਮਾਤਮਾ ਇਸ ਨਵੇਂ ਸਾਲ ਵਿਚ ਸਾਰਿਆਂ ਦੀ ਝੋਲੀ ਖੁਸ਼ੀਆਂ ਨਾਲ ਭਰ ਦੇਵੇ ਅਤੇ ਉਨ੍ਹਾਂ ਦੇ ਸੁਪਨੇ ਸਾਕਾਰ ਕਰੇ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸੁਪਰੀਮ ਕੋਰਟ ਵੱਲੋਂ ਮਾਈਨਿੰਗ ਰੈਗੂਲੇਸ਼ਨ ਕਮੇਟੀ ਦੀਆਂ ਸਿਫ਼ਾਰਸ਼ਾਂ ’ਤੇ ਅਗਲੇ ਹੁਕਮਾਂ ਤੱਕ ਰੋਕ ਲਾਉਣ ਦੇ ਫ਼ੈਸਲੇ ਦਾ ਸਵਾਗਤ ਕੀਤਾ । ਸਪੀਕਰ ਸੰਧਵਾਂ ਨੇ ਕਿਹਾ ਕਿ ਪਹਿਲਾਂ ਸੁਪਰੀਮ ਕੋਰਟ ਨੇ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਦੀ ਕਮੇਟੀ ਦੁਆਰਾ ਸਿਫ਼ਾਰਸ਼

ਕੀਤੀ ਅਰਾਵਲੀ ਪਹਾੜੀਆਂ ਦੀ ਨਵੀਂ ਪਰਿਭਾਸ਼ਾ ਨੂੰ ਮਨਜ਼ੂਰੀ ਦੇ ਦਿੱਤੀ ਸੀ, ਪਰ ਇਸ ਨਾਲ ਸਬੰਧਤ ਗੰਭੀਰ ਸ਼ੰਕਾਵਾਂ ਦੇ ਮੱਦੇਨਜ਼ਰ ਸੁਪਰੀਮ ਕੋਰਟ ਨੇ ਹੁਣ ਇਸ ਮਸਲੇ ’ਤੇ ਮੁੜ ਵਿਚਾਰ ਕੀਤਾ ਏ ਅਤੇ ਪਿਛਲੇ ਹੁਕਮਾਂ ’ਤੇ ਰੋਕ ਲਗਾ ਦਿੱਤੀ ਏ। ਸਪੀਕਰ ਨੇ ਕਿਹਾ ਕਿ ਵਪਾਰਕ ਉਦੇਸ਼ਾਂ ਦੀ ਬਜਾਏ ਚੌਗਿਰਦੇ ਦੀ ਸੰਭਾਲ ਨੂੰ ਤਰਜੀਹ ਦਿੱਤੀ ਜਾਣੀ ਚਾਹੀਦੀ ਏ। ਉਨ੍ਹਾਂ ਕਿਹਾ ਕਿ ਅਰਾਵਲੀ ਪਹਾੜੀਆਂ ਦੀ "ਪਰਿਭਾਸ਼ਾ" ਵਿੱਚ ਬਦਲਾਅ ਕਾਰਨ ਇਹ ਵਿਵਾਦ ਪੈਦਾ ਹੋਇਆ ਏ। ਨਵੀਂ ਪਰਿਭਾਸ਼ਾ ਅਨੁਸਾਰ, ਸਿਰਫ਼ ਉਹੀ ਖੇਤਰ ਪਹਾੜੀ ਮੰਨਿਆ ਜਾਵੇਗਾ ਜਿਸ ਦੀ ਉਚਾਈ ਆਲੇ-ਦੁਆਲੇ ਦੀ ਜ਼ਮੀਨ ਤੋਂ ਘੱਟੋ-ਘੱਟ 100 ਮੀਟਰ ਵੱਧ ਹੋਵੇ। ਉਨ੍ਹਾਂ ਕਿਹਾ ਕਿ ਅਰਾਵਲੀ ਪਹਾੜੀਆਂ ਦੇ ਨੁਕਸਾਨੇ ਜਾਣ ‘ਤੇ ਇਸ ਦਾ ਕਿਸੇ ਇੱਕ ਖੇਤਰ ‘ਤੇ ਨਹੀਂ, ਸਗੋਂ ਸਮੁੱਚੇ ਉੱਤਰੀ ਭਾਰਤ ਦੇ ਵਾਤਾਵਰਣ ’ਤੇ ਗੰਭੀਰ ਪ੍ਰਭਾਵ ਪਵੇਗਾ। ਅਰਾਵਲੀ ਪਹਾੜੀਆਂ ਦੀ ਪ੍ਰਭਾਵੀ ਅਤੇ ਟਿਕਾਊ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਤੁਰੰਤ ਢੁਕਵੇਂ ਅਤੇ ਸਥਾਈ ਕਦਮ ਚੁੱਕੇ ਜਾਣੇ ਚਾਹੀਦੇ ਨੇ।

---------------------------------------------

ਪੰਜਾਬ ਵਿਚ ਪੁਲਿਸਿੰਗ ਨੂੰ ਹੋਰ ਕੁਸ਼ਲ, ਜਵਾਬਦੇਹ ਅਤੇ ਪੇਸ਼ੇਵਰ ਬਣਾਉਣ ਲਈ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਲਈ ਇੱਕ ਅਹਿਮ ਅਤੇ ਤਕਨਾਲੋਜੀ-ਅਧਾਰਤ "ਵਿਜ਼ਨ 2026" ਦੀ ਰੂਪਰੇਖਾ ਪੇਸ਼ ਕੀਤੀ, ਜੋ ਵਿਆਪਕ ਬੁਨਿਆਦੀ ਢਾਂਚਾ ਵਿਕਾਸ ਅਤੇ ਸਮਰੱਥਾ ਨਿਰਮਾਣ ’ਤੇ ਕੇਂਦ੍ਰਿਤ ਏ। ਇਸ ਵਿਜ਼ਨ ਤਹਿਤ ਡਾਇਲ 112 ਐਮਰਜੈਂਸੀ ਰਿਸਪਾਂਸ ਸਪੋਰਟ ਸਿਸਟਮ (ਈ.ਆਰ.ਐਸ.ਐਸ.) ਨੂੰ ਹੋਰ ਵਧੇਰੇ ਕਾਰਗਰ ਬਣਾਉਣਾ ਸ਼ਾਮਲ ਏ, ਜਿਸ ਤਹਿਤ ਮੋਹਾਲੀ ਵਿਖੇ 52 ਕਰੋੜ ਰੁਪਏ ਦੀ ਲਾਗਤ ਨਾਲ ਡਾਇਲ 112 ਸੈਂਟਰਲ ਕੰਟਰੋਲ ਰੂਮ ਦੀ ਇਮਾਰਤ ਸਥਾਪਿਤ ਕੀਤੀ ਜਾਵੇਗੀ ਅਤੇ 50 ਕਰੋੜ ਦੀ ਲਾਗਤ ਨਾਲ ਨਵੇਂ ਵਾਹਨ ਖਰੀਦੇ ਜਾਣਗੇ। ਡੀਜੀਪੀ ਨੇ ਕਿਹਾ ਕਿ ਸਾਡਾ ਟੀਚਾ ਮੌਜੂਦਾ ਔਸਤਨ ਰਿਸਪਾਂਸ ਟਾਈਮ ਨੂੰ 12-13 ਮਿੰਟਾਂ ਤੋਂ ਘਟਾ ਕੇ ਸਿਰਫ਼ 7-8 ਮਿੰਟ ਕਰਨਾ ਏ। ਇਸ ਦੇ ਨਾਲ ਹੀ ਪੰਜਾਬ ਭਰ ਦੇ ਜ਼ਿਲ੍ਹਾ ਕੰਟਰੋਲ ਰੂਮਾਂ ਨੂੰ ਵੀ 25 ਕਰੋੜ ਰੁਪਏ ਦੇ ਨਿਵੇਸ਼ ਨਾਲ ਅਪਗ੍ਰੇਡ ਕੀਤਾ ਜਾ ਰਿਹਾ ਏ ਤਾਂ ਜੋ ਨਿਰਵਿਘਨ ਤਾਲਮੇਲ ਅਤੇ ਕਿਸੇ ਵੀ ਘਟਨਾ ਦੇ

ਫੌਰੀ ਪ੍ਰਬੰਧਨ ਨੂੰ ਯਕੀਨੀ ਬਣਾਇਆ ਜਾ ਸਕੇ, ਜੋ ਸਿੱਧੇ ਤੌਰ ’ਤੇ ਰਿਸਪਾਂਸ ਟਾਈਮ ਨੂੰ ਘਟਾਉਣ ਦੇ ਟੀਚੇ ਵਿੱਚ ਯੋਗਦਾਨ ਪਾ ਰਿਹਾ ਏ।

----------------------------------------------------

ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਦਿਵਿਆਂਗਜਨਾਂ ਦੀ ਸੁਰੱਖਿਆ, ਆਤਮ-ਨਿਰਭਰਤਾ ਅਤੇ ਇੱਜ਼ਤ ਭਰੀ ਜ਼ਿੰਦਗੀ ਲਈ ਸਰਕਾਰ ਵੱਲੋਂ ਲਗਾਤਾਰ ਸੰਵੇਦਨਸ਼ੀਲ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਨੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਦਿਵਿਆਂਗਜਨਾਂ ਨੂੰ ਵਿੱਤੀ ਸਹਾਇਤਾ ਵਜੋਂ 371.84 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਏ। ਉਨ੍ਹਾਂ ਕਿਹਾ ਕਿ ਮੌਜੂਦਾ ਵਿੱਤੀ ਸਾਲ ਦੌਰਾਨ 2 ਲੱਖ 79 ਹਜ਼ਾਰ 544 ਦਿਵਿਆਂਗ ਵਿਅਕਤੀਆਂ ਨੂੰ ਇਸ ਯੋਜਨਾ ਦਾ ਸਿੱਧਾ ਲਾਭ ਦਿੱਤਾ ਜਾ ਰਿਹਾ ਏ, ਜਿਸ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਆਰਥਿਕ ਸੰਭਾਲ ਮਿਲੀ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਦਿਵਿਆਂਗਜਨਾਂ ਨੂੰ ਸਮੇਂ-ਸਿਰ, ਪਾਰਦਰਸ਼ੀ ਅਤੇ ਬਿਨਾਂ ਕਿਸੇ ਰੁਕਾਵਟ ਦੇ ਵਿੱਤੀ ਸਹਾਇਤਾ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ

ਦੀ ਪ੍ਰਮੁੱਖ ਤਰਜੀਹ ਏ। ਇਸ ਉਦੇਸ਼ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਚਾਲੂ ਵਿੱਤੀ ਸਾਲ ਦੌਰਾਨ 495 ਕਰੋੜ ਰੁਪਏ ਦਾ ਬਜਟ ਉਪਬੰਧ ਪਹਿਲਾਂ ਹੀ ਕੀਤਾ ਗਿਆ ਏ ।

---------------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸੂਬੇ ਦੇ ਵੈਟਰਨਰੀ ਇੰਸਪੈਕਟਰਾਂ ਨਾਲ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦੇ ਸਬੰਧ ਵਿੱਚ ਮੁਲਾਕਾਤ ਕੀਤੀ। ਮੰਤਰੀ ਖੁੱਡੀਆਂ ਨੇ ਚੰਡੀਗੜ੍ਹ ਸਥਿਤ ਪੰਜਾਬ ਸਿਵਲ ਸਕੱਤਰੇਤ ਵਿਖੇ ਪ੍ਰਧਾਨ ਗੁਰਦੀਪ ਸਿੰਘ ਬੱਸੀ ਦੀ ਅਗਵਾਈ ਹੇਠ ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਵਫ਼ਦ ਨਾਲ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ ਅਤੇ ਐਸੋਸੀਏਸ਼ਨ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦਾ ਜਲਦੀ ਹੱਲ ਕੀਤਾ ਜਾਵੇਗਾ। ਮੰਤਰੀ ਨੇ ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਨੂੰ ਐਸੋਸੀਏਸ਼ਨ ਦੀਆਂ ਮੰਗਾਂ ਸਬੰਧੀ ਤੁਰੰਤ ਬਣਦੀ ਕਾਰਵਾਈ ਚਲਾਉਣ ਦੇ ਨਿਰਦੇਸ਼ ਵੀ ਦਿੱਤੇ ।

---

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬਾ ਸਰਕਾਰ ਦੀ ਜ਼ੀਰੋ ਸਹਿਣਸ਼ੀਲਤਾ ਨੀਤੀ ਤਹਿਤ ਵਾਈਲਡ ਲਾਈਫ ਡਵੀਜ਼ਨ, ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਤਾਇਨਾਤ ਬਲਾਕ ਅਫ਼ਸਰ ਰਾਜਪਾਲ ਸਿੰਘ ਨੂੰ 15 ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਏ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਬਲਾਚੌਰ ਦੇ ਰਹਿਣ ਵਾਲੇ ਇਕ ਵਿਅਕਤੀ ਵੱਲੋਂ ਮੁੱਖ ਮੰਤਰੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ’ਤੇ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਏ। ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਸੀ ਕਿ ਉਸ ਰਸ਼ਪਾਲ ਸਿੰਘ ਨੇ ਸ਼ਿਕਾਰ ਦਾ ਪਰਮਿਟ ਜਾਰੀ ਕਰਨ ਲਈ ਰਿਸ਼ਵਤ ਦੀ ਮੰਗ ਕੀਤੀ ਸੀ । ਤਸਦੀਕ ਦੌਰਾਨ ਉਕਤ ਦੋਸ਼ ਸਹੀ ਪਾਏ ਗਏ। ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਜਲੰਧਰ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਏ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

---